**ਦਫ਼ਤਰ ਸਮਗਰਾ ਸਿੱਖਿਅ... ਅਭਿਆਨ ਅਥਾਰਟੀ, ਫ਼ਤ... -ਕਮ -**

**ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), ਫ਼ਤਹਿਗੜ੍ਹ ਸਾਹਿਬ।**

ਕਮਰਾ ਨੰ. 412, ਤੀਜੀ ਮੰਜ਼ਿਲ, ਪ੍ਰਬੰਧਕੀ ਕੰਪਲੈਕਸ, ਫ਼ਤਹਿਗੜ੍ਹ ਸਾਹਿਬ, ਈਮੇਲ deoee.fatehgarhsahib@punjabeducation.gov.in

ਵੱਲ

ਮੈਨੇਜਰ/ਪ੍ਰਿੰਸੀਪਲ,

1. ਸੈਫਰਨ ਸਿਟੀ ਪਬਲਿਕ ਸਕੂਲ, ਕੋਟਲਾ ਬਜਵਾੜਾ, ਜਿਲ੍ਹਾ ਫਤਹਿਗੜ੍ਹ ਸਾਹਿਬ। (3080304903)
2. ਓਮ ਪ੍ਰਕਾਸ਼ ਬੰਸਲ ਮਾਡਰਨ ਸਕੂਲ, ਮੰਡੀ ਗੋਬਿੰਦਗੜ੍ਹ, ਜਿਲ੍ਹਾ ਫਤਹਿਗੜ੍ਹ ਸਾਹਿਬ। (3080104003)
3. ਐਸ.ਟੀ.ਐਸ ਪਬਲਿਕ ਸਕੂਲ, ਨੰਦਪੁਰ, ਜਿਲ੍ਹਾ ਫਤਹਿਗੜ੍ਹ ਸਾਹਿਬ। (3080406905)
4. ਜੀ.ਆਰ.ਐਸ.ਡੀ ਪਬਲਿਕ ਸਕੂਲ, ਮੰਡੀ ਗੋਬਿੰਦਗੜ੍ਹ, ਜਿਲ੍ਹਾ ਫਤਹਿਗੜ੍ਹ ਸਾਹਿਬ। (3080209802)

ਪੱਤਰ ਨੰ: ਆਰ.ਟੀ.ਈ./ਮਾਨਤਾ/2021/155583 ਮਿਤੀ: 13/05/2021

ਵਿਸ਼ਾ: "ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ 2010 ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਸਰਟੀਫਿਕੇਟ ਦੇਣ ਸਬੰਧੀ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋਂ ਦਿੱਤੀ ਗਈ ਸਵੈ-ਘੋਸ਼ਣਾ ਦੇ ਆਧਾਰ ਤੇ ਉਪਰੋਕਤ ਅਨੁਸਾਰ ਸਕੂਲ ਨੂੰ ਜਮਾਤ ਪਹਿਲੀ ਤੋ ਜਮਾਤ ਅੱਠਵੀਂ ਤੱਕ ਮਾਨਤਾ ਹੇਠ ਲਿਖੀਆ ਸ਼ਰਤਾ ਦੇ ਅਧਾਰ ਤੇ ਦਿੱਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ:

1) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ-ਘੋਸ਼ਣਾ ਦੇ ਆਧਾਰ ਤੇ ਹੈ, ਜੇਕਰ ਸਵੈ-ਘੋਸ਼ਣਾ ਵਿੱਚ ਦਰਜ਼ ਮੱਦਾਂ ਵਿਚੋਂ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਬਿਨਾਂ ਨੋਟਿਸ ਦਿੱਤਿਆਂ ਰੱਦ ਕਰ ਦਿੱਤੀ ਜਾਵੇਗੀ ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਅੱਠਵੀ ਜਮਾਤ ਤੋ ਅੱਗੇ ਦੀ ਮਾਨਤਾ/ਐਫੀਲੀਏਸ਼ਨ ਤੇ ਲਾਗੂ ਨਹੀ ਹੁੰਦੀ।

3) ਸਕੂਲ ਆਰ.ਟੀ.ਈ. ਐਕਟ, 2009 ਅਧੀਨ ਐਕਟ ਦੀ ਧਾਰਾ 19 ਅਤੇ 25 ਅਨੁਸਾਰ ਬਣੀ ਸਾਰਣੀ ਅਤੇ ਪੰਜਾਬ ਆਰ.ਟੀ.ਈ. ਨਿਯਮ 2011 ਦੇ ਫਾਰਮ II (See sub rule (4) of 11) ਵਿੱਚ ਦਰਜ ਸ਼ਰਤਾਂ ਅਤੇ ਸਕੂਲ ਵੱਲੋਂ ਦਿੱਤੇ ਸਵੈ ਘੋਸ਼ਣਾ ਦੀ ਪਾਲਣਾ ਲਈ ਪ੍ਰਤੀਬੱਧ ਰਹੇਗਾ।

4) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ ਪਿਤਾ ਜਾਂ ਉਸ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ ਪ੍ਰਕਿਰਿਆਂ ਵਿੱਚ ਨਹੀ ਪਾਏਗਾ।

5) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋ ਇਨਕਾਰ ਨਹੀ ਕਰੇਗਾ:

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ।

ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇਂ ਵਿੱਚ ਜਾਂ ਵਧਾਏ ਗਏ ਸਮੇਂ ਤੋ ਬਾਅਦ ਦਾਖ਼ਲਾ ਮੰਗਣਾ ਜਾਂ

ੲ) ਧਰਮ, ਜਾਤ, ਨਸਲ ਜਾਂ ਜਨਮ ਸਥਾਨ ਜਾਂ ਇਹਨਾਂ ਵਿਚੋ ਕਿਸੇ ਵੀ ਕਾਰਨ।